**ਪੰਜਾਬ ਸਰਕਾਰ ਦਾ 05.09.2018 ਦਾ ਹੁਕਮ**

---

**ਨੰ:6/14/2018-1ਸਿੱ.ਸੈੱਲ/1312300/1**

**ਪੰਜਾਬ ਸਰਕਾਰ,**

**ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ**

**(ਸਿੱਖਿਆ ਸੈੱਲ)**

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ/ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ/ਬੋਰਡਾਂ, ਕਾਰਪੋਰੇਸ਼ਨਾਂ ਦੇ ਮੁੱਖੀ,
ਜਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈ ਕੋਰਟ।

ਮਿਤੀ, ਚੰਡੀਗੜ੍ਹ: 05.09.2018

ਵਿਸ਼ਾ: ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਸਾਰਾ ਦਫ਼ਤਰੀ ਕੰਮ-ਕਾਜ ਰਾਜ ਭਾਸ਼ਾ ਪੰਜਾਬੀ ਵਿਚ ਕਰਨ ਬਾਰੇ।

ਸ਼੍ਰੀਮਾਨ ਜੀ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ, 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008, ਜਿਨ੍ਹਾਂ ਦੀ ਕਾਪੀ ਨਾਲ ਨੱਥੀ ਹੈ, ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਵਿਚ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਸਰਕਾਰ ਵੱਲੋਂ ਦਫ਼ਤਰੀ ਕੰਮ-ਕਾਜ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ। ਸਰਕਾਰ ਇਹ ਚਾਹੁੰਦੀ ਹੈ ਕਿ ਪੰਜਾਬ ਰਾਜ ਭਾਸ਼ਾ ਐਕਟ ਅਤੇ ਉਸ ਅਧੀਨ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਰਾਜ ਪ੍ਰਬੰਧ ਦਾ ਸਾਰਾ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਵੇ। ਪਰੰਤੂ ਆਮ ਤੌਰ ਤੇ ਇਹ ਵੇਖਣ ਵਿਚ ਆਇਆ ਹੈ ਕਿ ਪੰਜਾਬ ਸਰਕਾਰ ਦੇ ਕੁਝ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਹਾਲੇ ਵੀ ਦਫ਼ਤਰੀ ਨੋਟਿੰਗ/ਖਰੜੇ ਆਦਿ ਦਾ ਕੰਮ ਅੰਗਰੇਜ਼ੀ ਭਾਸ਼ਾ ਵਿਚ ਹੀ ਕੀਤਾ ਜਾ ਰਿਹਾ ਹੈ ਅਤੇ ਪੱਤਰਾਂ ਦੇ ਉੱਤਰ ਵੀ ਅੰਗਰੇਜ਼ੀ ਭਾਸ਼ਾ ਵਿਚ ਦਿੱਤੇ ਜਾ ਰਹੇ ਹਨ।

ਇਹ ਰੁਝਾਨ ਸਕੱਤਰੇਤ ਪੱਧਰ ਦੇ ਦਫ਼ਤਰਾਂ ਵਿਚ ਅਤੇ ਪੰਜਾਬ ਦੇ ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਦਫ਼ਤਰਾਂ ਵਿਚ ਕਾਫੀ ਵੇਖਣ ਵਿਚ ਮਿਲਦਾ ਹੈ, ਜੋ ਪੰਜਾਬ ਰਾਜ ਭਾਸ਼ਾ ਐਕਟ ਦੀ ਉਲੰਘਣਾ ਹੈ।

ਪੰਜਾਬ ਵਿਧਾਨ ਸਭਾ ਦੇ ਮਹੀਨਾ ਅਗਸਤ, 2018 ਵਿਚ ਚੱਲੇ ਮਾਨਸੂਨ ਇਜਲਾਸ ਦੌਰਾਨ ਨਿਯਮ 66 ਅਧੀਨ 'ਧਿਆਨ ਦਿਵਾਊ ਨੋਟਿਸ' ਰਾਹੀਂ ਵੀ ਇਹ ਗੱਲ ਸਰਕਾਰ ਦੇ ਧਿਆਨ ਵਿਚ ਲਿਆਂਦੀ ਗਈ ਹੈ ਕਿ ਪੰਜਾਬ ਸਰਕਾਰ ਦੇ ਕੁਝ ਅਧਿਕਾਰੀਆਂ ਵੱਲੋਂ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਇਸ 'ਧਿਆਨ ਦਿਵਾਊ ਨੋਟਿਸ' ਦਾ ਉੱਤਰ ਦਿੰਦਿਆਂ ਮਾਨਯੋਗ ਉਚੇਰੀ ਸਿੱਖਿਆ ਅਤੇ ਭਾਸ਼ਾ ਮੰਤਰੀ ਜੀ ਨੇ ਵਿਧਾਨ ਸਭਾ ਦੇ ਮੈਂਬਰਾਂ ਨੂੰ ਵਿਸ਼ਵਾਸ਼ ਦਿਵਾਇਆ ਹੈ ਕਿ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇਗੀ ਅਤੇ ਅੱਗੇ ਤੋਂ ਪ੍ਰਸ਼ਾਸ਼ਨ ਦਾ ਸਾਰਾ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਵੇਗਾ।

ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।

ਇਹ ਵੀ ਧਿਆਨ ਵਿਚ ਆਇਆ ਹੈ ਕਿ ਪੰਜਾਬ ਸਰਕਾਰ ਦੇ ਸਮੂਹ ਦਫ਼ਤਰਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੀਆਂ ਵੈਬਸਾਈਟਾਂ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੀ ਬਣੀਆਂ ਹੋਈਆਂ ਹਨ, ਜਿਸ ਕਾਰਨ ਪੰਜਾਬ ਦੀ ਆਮ ਜਨਤਾ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੀ ਜਾਣਕਾਰੀ ਤੋਂ ਵਾਂਝੇ ਰਹਿ ਜਾਂਦੀ ਹੈ। ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।

ਕਿਰਪਾ ਕਰਕੇ ਆਪਣੇ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਵਿਸ਼ਵਾਸ਼ਪਾਤਰ,

(ਵੀ.ਕੇ. ਮੀਨਾ)

ਸਕੱਤਰ, ਪੰਜਾਬ ਸਰਕਾਰ,

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਉਪਰੋਕਤ ਦਾ ਇੱਕ ਉਤਾਰਾ ਸਮੂਹ ਵਧੀਕ ਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ।

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ:6/14/2018-1ਸਿੱ.ਸੈੱਲ/1312291/1 ਮਿਤੀ, ਚੰਡੀਗੜ੍ਹ: 05.09.18

ਪਿ.ਅੰ.ਨੰ.:2604-20/3ਜ/ਸਰਕੂਲਰ/ਪੰਜਾਬ ਮਿਤੀ: 14.09.2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ। ਬੇਨਤੀ ਕੀਤੀ ਜਾਂਦੀ ਹੈ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ ਜੀ:-

1. ਮੁੱਖ ਇੰਜੀਨੀਅਰ, ਨਹਿਰਾਂ (ਨਹਿਰਾਂ ਸ਼ਾਖਾ) ਕੇ.ਏ.ਡੀ., ਡਰੇਨੇਜ, ਜਲ ਸਾਧਨ, ਪਲਾਨਿੰਗ ਰਸਡਡ, ਐਸ.ਕੇ.ਪੀ.ਡੀ. ਅਤੇ ਚੌਕਸੀ ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ।
2. ਮੁੱਖ ਇੰਜੀਨੀਅਰ/ਰਸਡ(ਸੀ) ਅਤੇ ਐਸ.ਪੀ.ਕੇ.ਡੀ.(ਸੀ) ਜਲ ਸਰੋਤ ਵਿਭਾਗ ਸ਼ਾਹਪੁਰਕੰਡੀ ਟਾਊਨਸ਼ਿਪ, ਸ਼ਾਹਪੁਰਕੰਡੀ।
3. ਮੁੱਖ ਇੰਜੀਨੀਅਰ-ਕਮ-ਡਾਇਰੈਕਟਰ, ਡੀ.ਆਈ.ਪੀ.ਆਰ. ਜਲ ਸਰੋਤ ਵਿਭਾਗ, ਪੰਜਾਬ, ਅੰਮ੍ਰਿਤਸਰ।
4. ਐਮ.ਡੀ./ਜਲ ਸਰੋਤ ਪ੍ਰਬੰਧਨ ਅਤੇ ਵਿਕਾਸ ਕਾਰਪੋਰੇਸ਼ਨ ਲਿ. ਸੈਕਟਰ-26, ਚੰਡੀਗੜ੍ਹ।
5. ਵਧੀਕ ਡਾਇਰੈਕਟਰ-ਕਮ-ਕੰਟਰੋਲਰ-ਵਿੱਤ ਅਤੇ ਲੇਖਾ ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ।
6. ਪ੍ਰਬੰਧਕੀ ਅਫ਼ਸਰ-1, ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ।
7. ਰਜਿਸਟਰਾਰ, ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ।
8. ਪ੍ਰਬੰਧਕ ਅਫ਼ਸਰ-2, ਜਲ ਸਰੋਤ ਵਿਭਾਗ, ਪੰਜਾਬ, ਚੰਡੀਗੜ੍ਹ।

ਸੁਪਰਡੰਟ/ਜਨਰਲ
ਵਾ:ਮੁੱਖ ਇੰਜੀਨੀਅਰ, ਜਲ ਸਰੋਤ ਵਿਭਾਗ, ਪੰਜਾਬ,

ਚੰਡੀਗੜ੍ਹ।

------------